Daily Jagraon News
12h ·

**Daily Jagraon News**
ਡੇਲੀ ਜਗਰਾਉਂ ਨਿਊਜ਼
Cont. 98723 27899
E-Mail : saggureporter@gmail.com

# ਮੋਟਰਸਾਈਕਲ ਤੇ ਹੈਰੋਇਨ ਸਪਲਾਈ ਕਰਨ ਵਾਲਾ ਇਕ ਕਾਬੂ



ਜਗਰਾਓ, 21 ਦਸੰਬਰ ( ਹਰਵਿੰਦਰ ਸਿੰਘ ਸੱਗੂ )–ਸੀਆਈਏ ਸਟਾਫ ਦੀ ਪੁਲਿਸ ਪਾਰਟੀ ਵਲੋਂ ਇੱਕ ਮੋਟਰਸਾਇਕਲ ਤੇ ਹੈਰੋਇਨ ਦੀ ਸਪਲਾਈ ਕਰਨ ਜਾ ਰਹੇ ਇੱਕ ਵਿਅਕਤੀ ਨੂੰ 12 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਏ.ਐਸ.ਆਈ ਪਹਾੜਾ ਸਿੰਘ ਨੇ ਦੱਸਿਆ ਕਿ ਉਹ ਏ.ਐਸ.ਆਈ ਮਨਜੀਤ ਸਿੰਘ ਅਤੇ ਹੋਰ ਪੁਲਿਸ ਪਾਰਟੀ ਸਮੇਤ ਬੱਸ ਸਟੈਂਡ ਪਿੰਡ ਭੂੰਦੜੀ ਵਿਖੇ ਚੈਕਿੰਗ ਦੌਰਾਨ ਮੌਜੂਦ ਸਨ। ਉਥੇ ਉਨਾਂ ਨੂੰ ਸੂਚਨਾ ਮਿਲੀ ਕਿ ਬੂਟਾ ਸਿੰਘ ਵਾਸੀ ਪਿੰਡ ਕੁਲ ਗਹਿਣਾ ਥਾਣਾ ਸਿੱਧਵਾਂਬੇਟ ਹੈਰੋਇਨ ਸਪਲਾਈ ਕਰਨ ਦਾ ਧੰਦਾ ਕਰਦਾ ਹੈ। ਉਹ ਅੱਜ ਆਪਣੇ ਮੋਟਰਸਾਈਕਲ ਤੇ ਪਿੰਡ ਰੁਲ ਗਹਿਣਾ ਤੋ ਪਿੰਡ ਭੂੰਦੜੀ ਨੂੰ ਹੈਰੋਇਨ ਸਪਲਾਈ ਕਰਨ ਲਈ ਆ ਰਿਹਾ ਸੀ। ਇਸ ਸੂਚਨਾ ਤੇ ਨਾਕਾਬੰਦੀ ਕਰਕੇ ਬੂਟਾ ਸਿੰਘ ਨੂੰ ਪੁਲਸ ਪਾਰਟੀ ਨੇ 22 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ। ਉਸਦੇ ਖਿਲਾਫ ਥਾਣਾ ਸਿੱਧਨਬੇਟ ਵਿਖੇ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

1
1 Share